# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

**ਮੀਮੋ ਨੰ::Transfer Cell/2024/322388/1401** **ਮਿਤੀ:** 29.08.2024

**ਜਨਤਕ ਸੂਚਨਾਂ**

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ।

2.0 ਇਸ ਤੋਂ ਇਲਾਵਾ Punjab ICT Education Society (PICTES) ਅਧੀਨ ਕੰਮ ਕਰ ਰਹੇ ਕੰਪਿਊਟਰ ਫੈਕਲਟੀ ਲਈ ਤਬਾਦਲਾ ਨੀਤੀ ਮੀਮੋ ਨੰ. 5/3-ICT-2019/Trans/303800, ਮਿਤੀ 13.09.2019 ਅਤੇ ਨਾਨ ਟੀਚਿੰਗ ਸਟਾਫ ਲਈ ਤਬਾਦਲਾ ਨੀਤੀ ਮੀਮੋ ਨੰ: 2/14/2020-2edu3/2020487/1 ਮਿਤੀ 27.05.2020 ਜਾਰੀ ਕੀਤੀ ਗਈ ਸੀ। ਜੋ ਸ਼ੋਧਾਂ ਅਧਿਆਪਕਾਂ ਦੇ ਤਬਾਦਲਿਆਂ ਲਈ ਜਾਰੀ ਕੀਤੀਆਂ ਗਈਆਂ ਹਨ ਉਹ ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਤੇ ਬਦਲੀਆਂ ਲਈ ਲਾਗੂ ਹੋਣਗੀਆਂ।

3.0 ਸਾਲ 2024 ਦੌਰਾਨ ਮੀਮੋ ਨੰ. Transfer Cell/2024/322388/1328 ਮਿਤੀ 24.07.2024 ਅਤੇ Transfer Cell/2024/322388/1367 ਮਿਤੀ 06.08.2024 ਰਾਹੀਂ ਜਾਰੀ ਜਨਤਕ ਸੂਚਨਾਂ ਰਾਹੀਂ ਅਧਿਆਪਕਾਂ, ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਜੋ ਪਾਲਿਸੀ ਅਨਸਾਰ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ ਉਹਨਾਂ ਤੋਂ ਬਦਲੀ ਲਈ ਆਨਲਾਈਨ ਬੇਨਤੀਆਂ ਮਿਤੀ **10.08.2024** ਤੱਕ ਮੰਗੀਆਂ ਗਈਆਂ ਸਨ। ਦਰਖਾਸਤਕਰਤਾਵਾਂ ਵਲੋਂ ਈ ਪੰਜਾਬ ਪੋਰਟਲ ਤੇ ਆਪਣੇ ਵੇਰਵੇ ਜਿਵੇਂ ਕਿ **General Details, Results, Service Record** ਭਰੇ ਗਏ ਹਨ। ਦਰਖਾਸਤ ਕਰਤਾਵਾਂ ਵਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ ਸੀ ਉਸ ਦੀ ਤਸਦੀਕ ਸਕੂਲ ਮੁੱਖੀ/ਡੀ.ਡੀ.ਓ ਵਲੋਂ ਮਿਤੀ **11.08.2024** ਤੋਂ **12.08.2028** ਤੱਕ ਕੀਤੀ ਗਈ ਸੀ।

Scanned with CamScanner

4.0 ਜੋ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਹਨ ਉਹਨਾਂ ਦੀ ਬਦਲੀ ਦੇ ਹੁਕਮ ਉਹਨਾਂ ਦੀ ਈ-ਪੰਜਾਬ ਆਈ.ਡੀ ਤੇ ਮਿਤੀ 29.08.2024 ਨੂੰ ਅਪਲੋਡ ਕਰ ਦਿੱਤੇ ਗਏ ਹਨ।

5.0 ਵਿਭਾਗ ਵਲੋਂ ਬਦਲੀਆਂ ਦੇ ਦੂਜੇ ਗੇੜ ਦੌਰਾਨ ਜਿਲ੍ਹੇ ਤੋਂ ਬਾਹਰ (Inter District) ਬਦਲੀਆਂ ਕੀਤੀਆਂ ਜਾਣੀਆਂ ਹਨ। ਜਿੰਨਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਤੋਂ ਬਾਹਰ (Inter District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ Station Choice ਮਿਤੀ 29.08.2024 ਤੋਂ 30.08.2024 ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈ ਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਹਨਾਂ ਉਪਲਬਧ ਖਾਲੀ ਸਟੇਸਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

6.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ/ਕਰਮਚਾਰੀ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

7.0 ਜੇਕਰ ਕਿਸੇ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portalਤੇ ਉਪਲਬਧ ਹੈ।

ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ

Scanned with CamScanner